# ਮੇਨਿੰਨਜੋਕੋਕਲ ਬੀ (ਮੇਨ-ਬੀ) ਵੈਕਸੀਨ

# Meningococcal B (Men-B) Vaccine

ਬੀਮਾਰੀਆਂ ਤੋਂ ਬਚਾਉਣ ਲਈ ਟੀਕਾਕਰਣ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਸਿਹਤ ਸੰਬੰਧੀ ਕਿਸੇ ਵੀ ਹੋਰ ਜਤਨ ਨਾਲੋਂ ਜਿਆਦਾ ਜਾਨਾਂ ਬਚਾਈਆਂ ਹਨ।

## ਮੇਨ-ਬੀ ਵੈਕਸੀਨ ਕੀ ਹੈ?

ਮੇਨ - ਬੀ ਵੈਕਸੀਨ ਮੇਨਿੰਨਜੋਕੋਕਲ ਬੈਰਟੀਰੀਆ ਦੀਆਂ ਸਭ ਤੋਂ ਆਮ ਕਿਸਮਾਂ ਵਿੱਚੋਂ ਇੱਕ, ਟਾਇਪ ਬੀ ਦੇ ਵਿਰੁੱਧ ਰੱਖਿਆ ਕਰਦੀ ਹੈ। ਇਹ ਵੈਕਸੀਨ ਹੈਲਥ ਕੈਨੇਡਾ ਦੁਆਰਾ ਮਾਨਤਾ ਪ੍ਰਾਪਤ ਹੈ।

ਮੇਨ - ਬੀ ਵੈਕਸੀਨ ਬੀ ਸੀ ਵਿੱਚ ਨੇਮਕ ਟੀਕਾਕਰਣ ਦੀ ਸੂਚੀ ਦਾ ਹਿੱਸਾ ਨਹੀਂ ਹੈ। ਪਰ, ਮੇਨਿੰਨਜੋਕੋਕਲ ਸੀ ਬੀਮਾਰੀ ਲਈ ਵੈਕਸੀਨ ਨਿਯਮਿਤ ਤੌਰ 'ਤੇ ਨਿਆਣਿਆਂ ਨੂੰ ਪ੍ਰਦਾਨ ਕੀਤੀ ਜਾਂਦੀ ਹੈ ਅਤੇ ਇੱਕ ਵੈਕਸੀਨ ਜੋ ਮੇਨਿੰਨਜੋਕੋਕਲ ਕਿਸਮ ਏ, ਸੀ, ਵਾਈ ਅਤੇ ਡਬਲਿਊ -135 ਦੇ ਖਿਲਾਫ ਰੱਖਿਆ ਕਰਦੀ ਹੈ, ਗਰੇਡ 9 ਦੇ ਵਿਦਿਆਰਥੀਆਂ ਨੂੰ ਪ੍ਰਦਾਨ ਕੀਤੀ ਜਾਂਦੀ ਹੈ। ਇਹ ਦੋਨੋਂ ਵੈਕਸੀਨਾਂ ਮੁਫ਼ਤ ਮੁਹੱਈਆ ਕੀਤੀਆਂ ਜਾਂਦੀਆਂ ਹਨ।ਹੋਰ ਜਾਣਕਾਰੀ ਲਈ, HealthLinkBC File #23a ਮੇਨਿੰਨਜੋਕੋਕਲ ਸੀ ਕੌਨਜੁਗੇਟ (ਮੇਨ-ਸੀ) ਵੈਕਸੀਨ ਅਤੇ HealthLinkBC File #23b ਮੇਨਿੰਨਜੋਕੋਕਲ ਕੁਆਡ੍ਰੀਵੇਲੈਂਟ ਵੈਕਸੀਨ ਦੇਖੋ।

## ਵੈਕਸੀਨ ਕਿਸ ਨੂੰ ਦਿੱਤੀ ਜਾਣੀ ਚਾਹੀਦੀ ਹੈ?

ਬੀ ਸੀ ਵਿੱਚ, ਮੇਨ - ਬੀ ਵੈਕਸੀਨ 2 ਮਹੀਨਿਆਂ ਦੇ ਅਤੇ ਉਸ ਤੋਂ ਵੱਧ ਉਮਰ ਦੇ ਉਨ੍ਹਾਂ ਸਾਰੇ ਲੋਕਾਂ ਨੂੰ ਮੁਫਤ ਮੁਹੱਈਆ ਕਰਵਾਈ ਜਾਂਦੀ ਹੈ ਜਿੰਨਾਂ ਦਾ ਮੇਨਿੰਨਜੋਕੋਕਲ ਬੀ ਬੀਮਾਰੀ ਦੇ ਕੇਸ ਦੇ ਨਾਲ ਨਜ਼ਦੀਕੀ ਸੰਪਰਕ ਰਿਹਾ ਹੈ।

ਇੰਨਾਂ ਸਮੇਤ ਕੁਝ ਮੈਡੀਕਲ ਅਵਸਥਾਵਾਂ ਕਰਕੇ ਮੇਨਿੰਨਜੋਕੋਕਲ ਬੀ ਵਿਗਾੜ ਦੇ ਖਤਰੇ ਵਾਲੇ ਲੋਕਾਂ ਲਈ ਵੈਕਸੀਨ ਦੀ ਸਿਫਾਰਸ਼ ਕੀਤੀ ਜਾਂਦੀ ਹੈ, ਪਰ ਉਹ ਮੁਫਤ ਮੁਹੱਈਆ ਨਹੀਂ ਕਰਵਾਈ ਜਾਂਦੀ:

- ਤਿਲੀ ਨਾ ਹੋਣਾ, ਜਾਂ ਅਜਿਹੀ ਤਿਲੀ ਜੋ ਠੀਕ ਤਰ੍ਹਾਂ ਕੰਮ ਨਹੀਂ ਕਰ ਰਹੀ
- ਸਰੀਰ ਨੂੰ ਬੀਮਾਰੀ ਤੋਂ ਸੁਰੱਖਿਅਤ ਰੱਖਣ ਵਾਲੀ ਪ੍ਰਣਾਲੀ ਦੀਆਂ ਬੀਮਾਰੀਆਂ ਜਿਵੇਂ ਕਿ ਕੌਮਪਲੀਮੈਂਟ (complement), ਪ੍ਰੌਪੇਰਡਿੰਨ (properdin),ਅਤੇ ਫੈਕਟਰ ਡੀ ਡੇਫੀਸ਼ੇਂਸੀਆਂ ਜਾਂ ਪ੍ਰਾਇਮਰੀ ਐਂਟੀਬੌਡੀ ਡੇਫੀਸ਼ੈਂਸੀ

ਇੰਨਾਂ ਲੋਕਾਂ ਲਈ ਵੀ ਵੈਕਸੀਨ ਦੀ ਸਿਫਾਰਸ਼ ਕੀਤੀ ਜਾਂਦੀ ਹੈ, ਪਰ ਉਹ ਮੁਫਤ ਮੁਹੱਈਆ ਨਹੀਂ ਕਰਵਾਈ ਜਾਂਦੀ:

- ਨੇਮਕ ਤੌਰ ਨਾਲ ਮੇਨਿੰਨਜੋਕੋਕਲ ਬੈਰਟੀਰੀਆ ਦੇ ਸੰਪਰਕ ਵਿੱਚ ਆਉਣ ਵਾਲੇ ਪ੍ਰਯੋਗਸ਼ਾਲਾ ਕਰਮਚਾਰੀ
- ਸੈਨਾ ਅਮਲਾ
- ਅਜਿਹੇ ਖੇਤਰ ਤਕ ਸਫਰ ਕਰਨ ਵਾਲੇ ਲੋਕ ਜਿਥੇ ਮੇਨਿੰਨਜੋਕੋਕਲ ਬੀ ਬੀਮਾਰੀ ਦਾ ਉੱਚਾ ਖਤਰਾ ਹੈ

ਉੱਚੇ ਖਤਰੇ ਵਾਲੇ ਸਫਰ ਖੇਤਰਾਂ ਦੇ ਬਾਰੇ ਜਾਣਕਾਰੀ ਲਈ ਇੱਕ ਟਰੈਵਲ ਕਲੀਨਿਕ ਨਾਲ ਸੰਪਰਕ ਕਰੋ।

ਜੇ ਤੁਸੀਂ ਮੇਨਿੰਨਜੋਕੋਕਲ ਬੀ ਬੀਮਾਰੀ ਵਿਰੁੱਧ ਸੁਰੱਖਿਅਤ ਰਹਿਣਾ ਚਾਹੁੰਦੇ ਹੋ, ਤਾਂ ਤੁਸੀਂ ਕੁਝ ਟਰੈਵਲ ਕਲੀਨਿਕਾਂ ਅਤੇ ਫਾਰਮੇਸੀਆਂ ਤੋਂ ਇਹ ਵੈਕਸੀਨ ਖਰੀਦ ਸਕਦੇ ਹੋ।

ਇਹ ਵੈਕਸੀਨ 2, 3 ਜਾਂ 4 ਖੁਰਾਕਾਂ ਦੀ ਲੜੀ ਦੀ ਤਰ੍ਹਾਂ ਟੀਕੇ ਰਾਂਹੀ ਦਿੱਤੀ ਜਾਂਦੀ ਹੈ।ਖੁਰਾਕਾਂ ਦੀ ਗਿਣਤੀ ਇਸ ਤੇ ਨਿਰਭਰ ਕਰਦੀ ਹੈ ਕਿ ਬੀਮਾਰੀਆਂ ਤੋਂ ਬਚਾਉਣ ਲਈ ਟੀਕਾਕਰਣ ਦੀ ਲੜੀ ਸ਼ੁਰੂ ਕੀਤੇ ਜਾਣ ਵੇਲੇ ਤੁਹਾਡੀ ਉਮਰ ਕੀ ਹੈ। ਹੋਰ ਜਾਣਕਾਰੀ ਲਈ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨਾਲ ਗੱਲ ਕਰੋ।

ਬੀਮਾਰੀਆਂ ਤੋਂ ਬਚਾਉਣ ਲਈ ਲਗਾਏ ਗਏ ਸਾਰੇ ਟੀਕਿਆਂ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

## ਵੈਕਸੀਨ ਲੈਣ ਦੇ ਕੀ ਲਾਭ ਹਨ?

ਇਹ ਵੈਕਸੀਨ ਮੇਨਿੰਨਜੋਕੋਕਲ ਟਾਇਪ ਬੀ ਵਿਗਾੜ, ਇੱਕ ਗੰਭੀਰ ਅਤੇ ਕਈ ਵਾਰੀ ਜਾਨਲੇਵਾ ਬੀਮਾਰੀ ਦੇ ਵਿਰੁੱਧ ਲੰਮੇ ਸਮੇਂ ਦੀ ਰੱਖਿਆ ਮੁਹੱਈਆ ਕਰਦੀ ਹੈ।

## ਵੈਕਸੀਨ ਦੇ ਬਾਦ ਦੀਆਂ ਸੰਭਾਵੀ ਪ੍ਰਤੀਕ੍ਰਿਆਵਾਂ ਕੀ ਹਨ?

ਵੈਕਸੀਨਾਂ ਬਹੁਤ ਸੁਰੱਖਿਅਤ ਹੁੰਦੀਆਂ ਹਨ। ਵੈਕਸੀਨ ਲਗਵਾਉਣਾ ਮੇਨਿੰਨਜੋਕੋਕਲ ਬੀਮਾਰੀ ਦਾ ਸ਼ਿਕਾਰ ਹੋਣ ਤੋਂ ਜਿਆਦਾ ਸੁਰੱਖਿਅਤ ਹੈ। ਵੈਕਸੀਨ ਦੀਆਂ ਆਮ ਪ੍ਰਤੀਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਥਾਂ ਤੇ ਜਲਨ, ਲਾਲੀ, ਅਤੇ ਸੋਜ ਸ਼ਾਮਲ ਹੋ ਸਕਦੇ ਹਨ। ਬੁਖਾਰ, ਚਿੜਚਿੜਾਪਨ, ਥੂਕੀ, ਮਾਸਪੇਸ਼ੀਆਂ ਵਿੱਚ ਦਰਦ ਅਤੇ ਸਿਰਦਰਦ ਵੀ ਹੋ ਸਕਦੇ ਹਨ। ਇਹ ਪ੍ਰਤੀਕ੍ਰਿਆਵਾਂ ਆਮਤੌਰ ਤੇ ਹਲਕੀਆਂ ਹੁੰਦੀਆਂ ਹਨ ਅਤੇ ਆਮਤੌਰ ਤੇ 1 ਤੋਂ 2 ਦਿਨ ਤੱਕ ਰਹਿੰਦੀਆਂ ਹਨ।

ਬੁਖਾਰ ਸਮੇਤ ਪ੍ਰਤੀਕਿਰਿਆਵਾਂ, 2 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਵਿੱਚ ਤਾਂ ਜਿਆਦਾ ਆਮ ਹਨ ਜੇ ਮੇਨ - ਬੀ ਵੈਕਸੀਨ

ਬਚਪਨ ਵਿੱਚ ਦਿਤੀਆਂ ਜਾਣ ਵਾਲੀਆਂ ਦੂਸਰੀਆਂ ਨਿਯਮਿਤ ਵੈਕਸੀਨਾਂ ਦੇ ਨਾਲ ਦਿੱਤੀ ਜਾਂਦੀ ਹੈ।

ਅਸੀਟਾਮੇਨੋਫੇਨ (Acetaminophen) (ਉਦਾਹਰਣ ਲਈ ਟਾਇਲੇਨੌਲ (Tylenol®)) ਜਾਂ ਆਈਬਿਊਪ੍ਰੋਫੇਨ (ibuprofen*) (ਉਦਹਾਰਣ ਲਈ ਐਡਵਿਲ (Advil®)) ਬੁਖਾਰ ਜਾਂ ਜਲਨ ਲਈ ਦਿੱਤੀ ਜਾ ਸਕਦੀ ਹੈ।ਏਐਸਏ (ASA) (ਉਦਹਾਰਣ ਲਈ ਐਸਪਰੀਨ (Aspirin®)) ਰੇ ਸਿੰਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ।

* 6 ਮਹੀਨਿਆਂ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਪਹਿਲਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਦੇ ਨਾਲ ਗੱਲ ਕੀਤੇ ਬਿਨਾਂ ਆਈਬਿਊਪ੍ਰੋਫੇਨ ਨਹੀਂ ਦਿੱਤੀ ਜਾਣੀ ਚਾਹੀਦੀ।

ਰਾਈ ਸਿੰਡਰੋਮ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਹੈਲਥਲਿੰਕ ਬੀ.ਸੀ. ਫ਼ਾਈਲ HealthLinkBC File #84 ਰੇਏ ਸਿੰਨਡਰੋਮ ਦੇਖੋ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਜਰੂਰੀ ਹੈ ਕਿਉਂਕਿ ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ, ਇੱਕ ਮਿਲਿਅਨ ਵਿੱਚੋਂ 1 ਤੋਂ ਵੀ ਘੱਟ, ਸੰਭਾਵਨਾ ਹੋ ਸਕਦੀ ਹੈ। ਇਸ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ।ਜੇ ਅਜਿਹੀ ਪ੍ਰਤੀਕਿਰਿਆ ਹੁੰਦੀ ਹੈ ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਇਸ ਦਾ ਇਲਾਜ ਕਰਨ ਲਈ ਤਿਆਰ ਹੈ।ਐਮਰਜੈਂਸੀ ਇਲਾਜ ਵਿੱਚ ਸ਼ਾਮਲ ਹੈ ਐਪੀਨੈਫਰਿੰਨ (ਐਡਰੇਨੇਲਿੰਨ) ਦੇਣਾ ਅਤੇ ਐਂਬੂਲੈਂਸ ਰਾਹੀਂ ਸਭ ਤੋਂ ਨਜ਼ਦੀਕੀ ਐਮਰਜੈਂਸੀ ਵਿਭਾਗ ਤੱਕ ਟਰਾਂਸਫਰ।ਜੇ ਅਜਿਹੇ ਲੱਛਣ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਦ ਵਿਕਸਤ ਹੁੰਦੇ ਹਨ, ਤਾਂ **9-1-1** ਜਾਂ ਸਥਾਨਕ ਐਮਰਜੈਂਸੀ ਨੰਬਰ ਉੱਤੇ ਫੋਨ ਕਰੋ।

ਸਾਰੀਆਂ ਗੰਭੀਰ ਜਾਂ ਅਣਿਆਈ ਪ੍ਰਤੀਕ੍ਰਿਆਵਾਂ ਬਾਰੇ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨੂੰ ਹਮੇਸ਼ਾ ਦਸਣਾ ਮਹੱਤਵਪੂਰਨ ਹੈ।

## ਮੇਨ – ਬੀ ਵੈਕਸੀਨ ਕਿਸ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ?

ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨਾਲ ਗੱਲ ਕਰੋ, ਜੇ ਤੁਹਾਨੂੰ ਜਾਂ ਤੁਹਾਡੇ ਬੱਚੇ ਨੂੰ:

- ਪਹਿਲਾਂ ਲਈ ਗਈ ਮੇਨਿੰਨਜੋਕੋਕਲ ਵੈਕਸੀਨ ਦੀ ਖੁਰਾਕ, ਜਾਂ ਕੈਨਾਮਾਈਸਿੰਨ (kanamycin) ਸਮੇਤ ਵੈਕਸੀਨ ਦੇ ਕਿਸੇ ਵੀ ਅੰਸ਼ ਪ੍ਰਤੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਹੋਈ ਹੈ
- ਸੋਲੀਰਿਸ® (Soliris®) ਦਵਾਈ ਲੈ ਰਹੇ ਹੋ

ਜ਼ੁਕਾਮ ਜਾਂ ਕਿਸੇ ਹੋਰ ਹਲਕੀ ਬੀਮਾਰੀ ਕਰਕੇ ਬੀਮਾਰੀਆਂ ਤੋਂ ਬਚਾਉਣ ਵਾਲੇ ਟੀਕੇ ਲਗਵਾਉਣ ਨੂੰ ਟਾਲਣ ਦੀ ਲੋੜ ਨਹੀਂ ਹੈ। ਪਰ, ਜੇ ਤੁਹਾਡੀਆਂ ਕੁਝ ਚਿੰਤਾਵਾਂ ਹਨ ਤਾਂ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨਾਲ ਗੱਲ ਕਰੋ।

## ਮੇਨਿੰਨਜੋਕੋਕਲ – ਬੀ ਵਿਗਾੜ ਕੀ ਹੈ?

ਮੇਨਿੰਨਜੋਕੋਕਲ – ਬੀ ਵਿਗਾੜ ਮੇਨਿੰਨਜੋਕੋਕਲ ਟਾਇਪ ਬੀ ਨਾਂ ਦੇ ਬੈਕਟੀਰੀਆ ਕਰਕੇ ਹੁੰਦਾ ਹੈ। ਇਹ ਬੈਕਟੀਰੀਆ, ਮੈਨਿੰਨਜਾਈਟਸ ਜੋ ਕਿ ਦਿਮਾਗ ਨੂੰ ਢੱਕਣ ਵਾਲੀ ਪਰਤ ਦਾ ਵਿਗਾੜ ਅਤੇ ਸੈਪਟੀਸੀਮੀਆ- ਜੋ ਖੂਨ ਦਾ ਵਿਗਾੜ ਹੈ, ਸਮੇਤ ਗੰਭੀਰ ਅਤੇ ਜਾਨ ਨੂੰ ਖਤਰੇ ਵਿੱਚ ਪਾਉਣ ਵਾਲੀਆਂ ਬੀਮਾਰੀਆਂ ਦਾ ਕਾਰਨ ਬਣ ਸਕਦਾ ਹੈ।ਵਿਗਾੜ ਦੀਆਂ ਸਥਾਈ ਜਟਿਲਤਾਵਾਂ ਵਿੱਚ ਸ਼ਾਮਲ ਹਨ ਦਿਮਾਗੀ ਨੁਕਸਾਨ ਅਤੇ ਬਹਿਰਾਪਨ।ਬੀਮਾਰ ਹੋਣ ਵਾਲੇ 20 ਲੋਕਾਂ ਵਿੱਚੋਂ ਲਗਭਗ 1 ਦੀ ਮੌਤ ਹੋ ਸਕਦੀ ਹੈ।

ਮੇਨਿੰਨਜੋਕੋਕਲ ਵਿਗਾੜ ਖੰਘਣ, ਛਿੱਕਣ ਜਾਂ ਨਿਕਟੀ ਆਮ੍ਹੋ ਸਾਮ੍ਹਣੇ ਦੇ ਸੰਪਰਕ ਨਾਲ ਇੱਕ ਵਿਅਕਤੀ ਤੋਂ ਦੂਜੇ ਤੱਕ ਫੈਲਦਾ ਹੈ।ਇਹ ਥੁੱਕ ਰਾਹੀਂ ਵੀ ਫੈਲ ਸਕਦਾ ਹੈ।ਛੋਟੇ ਬੱਚੇ ਦੂਸਰੇ ਬੱਚਿਆਂ ਦੁਆਰਾ ਵਰਤੇ ਗਏ ਸੂਦਰ, ਬੋਤਲਾਂ ਜਾਂ ਖਿਡੌਣੇ ਸਾਂਝੇ ਕਰਨ ਨਾਲ ਬੀਮਾਰ ਹੋ ਸਕਦੇ ਹਨ। ਵੱਡੇ ਬੱਚੇ ਅਤੇ ਬਾਲਗ ਚੁੰਮਣ ਵਰਗੀਆਂ ਗਤੀਵਿਧੀਆਂ, ਜਾਂ ਖਾਣਾ, ਪੇਯ, ਸਿਗਰਟਾਂ, ਲਿਪਸਟਿਕਾਂ, ਪਾਣੀ ਦੀਆਂ ਬੋਤਲਾਂ ਅਤੇ ਖੇਡਾਂ ਲਈ ਵਰਤੇ ਜਾਣ ਵਾਲੇ ਮਾਊਥ ਗਾਰਡ ਜਾਂ ਸੰਗੀਤ ਦੇ ਸਾਜਾਂ ਦੇ ਮੂੰਹ ਵਾਲੇ ਹਿੱਸਿਆਂ ਨੂੰ ਸਾਂਝਾ ਕਰਨ ਰਾਹੀਂ ਬੀਮਾਰ ਹੋ ਸਕਦੇ ਹਨ।

## ਸਿਆਣੇ ਨਾਬਾਲਗਾਂ ਦੀ ਸਹਿਮਤੀ

ਸਿਫ਼ਾਰਸ਼ ਕੀਤੀ ਜਾਂਦੀ ਹੈ ਕਿ ਮਾਪੇ ਜਾਂ ਸਰਪ੍ਰਸਤ ਅਤੇ ਉਨ੍ਹਾਂ ਦੇ ਬੱਚੇ ਟੀਕਾਕਰਣ (ਇਮਿਊਨਾਈਜ਼ੇਸ਼ਨ) ਲਈ ਸਹਿਮਤੀ ਬਾਰੇ ਚਰਚਾ ਕਰਨ।19 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ ਜਿਹੜੇ ਹਰ ਵੈਕਸੀਨ ਦੇ ਲਾਭ ਅਤੇ ਸੰਭਵ ਪ੍ਰਤੀਕਿਰਿਆਵਾਂ ਅਤੇ ਇਮਿਊਨਾਈਜ਼ੇਸ਼ਨ ਨਾ ਕਰਵਾਉਣ ਦੇ ਜੋਖਮ ਸਮਝਣ ਦੇ ਕਾਬਲ ਹੋਣ, ਕਾਨੂੰਨੀ ਤੌਰ ਤੇ ਇਮਿਊਨਾਈਜ਼ੇਸ਼ਨ ਲਈ ਸਹਿਮਤ ਹੋ ਸਕਦੇ ਜਾਂ ਇਨਕਾਰ ਕਰ ਸਕਦੇ ਹਨ।ਸਿਆਣੇ ਨਾਬਾਲਗਾਂ ਦੀ ਸਹਿਮਤੀ ਬਾਰੇ ਹੋਰ ਜਾਣਕਾਰੀ ਵਾਸਤੇ HealthLinkBC File #119 ਦ ਇੰਨਫੈਂਟਸ ਐਕਟ, ਸਿਆਣੇ ਨਾਬਾਲਗਾਂ ਦੀ ਸਹਿਮਤੀ ਅਤੇ ਇਮਿਊਨਾਈਜ਼ੇਸ਼ਨ ਦੇਖੋ।

ਇਮਿਊਨਾਈਜ਼ੇਸ਼ਨ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ, ਇਮਿਊਨਾਈਜ਼ ਬੀ.ਸੀ. ਤੇ ਜਾਓ https://immunizebc.ca/.